**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ)
2. ਸਮੂਹ ਡਾਇਟ ਪ੍ਰਿੰਸੀਪਲ
3. ਸਮੂਹ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ)
4. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ
5. ਸਮੂਹ ਸੈਂਟਰ ਹੈੱਡ ਟੀਚਰ
6. ਸਮੂਹ ਸਕੂਲ ਮੁੱਖੀ

ਮੀਮੋ ਨੰ: SCERT/PPPP/PRS/2020202495

ਮਿਤੀ: 27.08.2020

**ਵਿਸ਼ਾ:-** **ਪੰਜਾਬ ਪ੍ਰਾਪਤੀ ਸਰਵੇਖਣ** (Punjab Achievement Survey ) **ਸਬੰਧੀ।**

**1.0** ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

**2.0** ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਰਾਜ ਦੇ ਸਮੂਹ ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ ਜਮਾਤ ਪਹਿਲੀ ਤੋਂ ਬਾਰ੍ਹਵੀਂ ਤੱਕ ਦੇ ਸਾਰੇ ਵਿਸ਼ਿਆਂ ਦਾ ਪੰਜਾਬ ਪ੍ਰਾਪਤੀ ਸਰਵੇਖਣ (**Punjab Achievement Survey)** ਕਰਵਾਇਆ ਜਾ ਰਿਹਾ ਹੈ। ਇਹ ਸਰਵੇਖਣ ਸਰਕਾਰੀ ਰਾਸ਼ਟਰੀ ਪੱਧਰ 'ਤੇ ਨਿਰਧਾਰਿਤ ਕੀਤੇ ਗਏ ਸਿੱਖਣ ਪਰਿਣਾਮਾਂ 'ਤੇ ਅਧਾਰਿਤ ਹੋਵੇਗਾ। ਬੱਚਿਆਂ ਦੀ ਚੰਗੇ ਢੰਗ ਨਾਲ ਤਿਆਰੀ ਕਰਵਾਉਣ ਸਬੰਧੀ ਵੱਖ-ਵੱਖ ਮੀਟਿੰਗਾਂ ਦੌਰਾਨ ਜੋ ਸੁਝਾਅ ਪ੍ਰਾਪਤ ਹੋਏ ਹਨ, ਉਹ ਤੁਹਾਡੇ ਸਾਰਿਆਂ ਨਾਲ ਹੇਠ ਲਿਖੇ ਅਨੁਸਾਰ ਸਾਂਝੇ ਕੀਤੇ ਜਾ ਰਹੇ ਹਨ:-

**2.1** ਪੰਜਾਬ ਪ੍ਰਾਪਤੀ ਸਰਵੇਖਣ (Punjab Achievement Survey )ਦੀ ਤਿਆਰੀ ਲਈਵਿਦਿਆਰਥੀਆਂ ਨੂੰ ਅਭਿਆਸ ਕਰਵਾਉਣ ਲਈ ਜੋ ਪ੍ਰਸ਼ਨ ਅਧਿਆਪਕਾਂ ਦੁਆਰਾ ਤਿਆਰ ਕੀਤੇ ਜਾਣਗੇ, ਉਹਨਾਂ ਵਿੱਚੋਂ ਚੰਗੇ ਪ੍ਰਸ਼ਨਾਂ ਨੂੰ ਜ਼ਿਲ੍ਹਾ ਪੱਧਰੀ ਰਿਸੋਰਸ ਗਰੁੱਪ ਦੁਆਰਾ ਚੁਣ ਕੇ ਮੁੱਖ ਦਫ਼ਤਰ ਦੀ ਟੀਮ ਨਾਲ ਸਾਂਝਾ ਕੀਤਾ ਜਾਵੇ ਤਾਂ ਜੋ ਨਿਰਧਾਰਿਤ ਮਾਪਦੰਡਾਂ ਨੂੰ ਪੂਰਾ ਕਰਨ ਵਾਲੇ ਪ੍ਰਸ਼ਨਾਂ ਨੂੰ ਅਭਿਆਸ ਪੇਪਰਾਂ/ਕੁਇਜ਼ ਦਾ ਹਿੱਸਾ ਬਣਾਕੇ ਫੀਲਡ ਵਿੱਚ ਭੇਜਿਆ ਜਾ ਸਕੇ।

**2.2** ਇਹ ਗੱਲ ਧਿਆਨ ਵਿੱਚ ਆਈ ਹੈ ਕਿ ਵਿਦਿਆਰਥੀ ਆਪਣੇ ਸਕੂਲ ਮੁੱਖੀ ਤੋਂ ਬਹੁਤ ਜ਼ਿਆਦਾ ਪ੍ਰਭਾਵਿਤ ਹੁੰਦੇ ਹਨ।ਇਸ ਲਈ ਵਿਦਿਆਰਥੀਆਂ ਨਾਲ ਬਿਹਤਰ ਤਾਲਮੇਲ ਕਰਨ ਦੇ ਉਦੇਸ਼ ਨਾਲਪ੍ਰਿੰਸੀਪਲ, ਮੁੱਖ ਅਧਿਆਪਕ, ਐੱਚ.ਟੀ. ਸੋਸ਼ਲ ਮੀਡੀਆ 'ਤੇ ਵਿਦਿਆਰਥੀਆਂ ਦੇ ਬਣਾਏ ਗਰੁੱਪਾਂ ਵਿੱਚ ਜ਼ਰੂਰ ਸ਼ਾਮਿਲ ਹੋਣ।

2.3 ਜਿਨ੍ਹਾਂ ਸਕੂਲ ਮੁਖੀਆਂ, ਅਧਿਆਪਕਾਂ ਦੁਆਰਾ ਵਿਦਿਆਰਥੀਆਂ ਦੇ ਮਾਪਿਆਂ ਨਾਲ ਅਜੇ ਤੱਕ ਮੀਟਿੰਗਾਂ ਨਹੀਂ ਕੀਤੀਆ ਗਈਆ ਉਹਨਾਂ ਨੂੰ ਸੁਝਾਅ ਹੈ ਕਿ ਪੰਜਾਬ ਪ੍ਰਾਪਤੀ ਸਰਵੇਖਣ ਸਬੰਧੀ ਪੂਰੇ ਏਜੰਡੇ ਤਹਿਤ ਵਿਦਿਆਰਥੀਆਂ ਦੇ ਮਾਪਿਆਂ ਨੂੰ ਉਤਸ਼ਾਹਿਤ ਕਰਨ ਲਈ ਮੀਟਿੰਗਾਂ ਕੀਤੀਆਂ ਜਾਣ।

2.4 ਪੰਜਾਬ ਪ੍ਰਾਪਤੀ ਸਰਵੇਖਣ ਸਬੰਧੀ ਅਧਿਆਪਕ ਅਤੇ ਸਕੂਲ ਮੁੱਖੀਆਂ ਦੁਆਰਾ ਧਾਰਮਿਕ ਸੰਸਥਾਵਾਂ ਤੋਂ ਜੋ ਅਨਾਊਂਸਮੈਂਟ ਕਰਵਾਈ ਜਾ ਰਹੀਆਂ ਹਨ, ਉਹ ਬਹੁਤ ਹੀ ਸ਼ਲਾਘਾਯੋਗ ਹੈ, ਇਸ ਤਰ੍ਹਾਂ ਦੀਆਂ ਅਨਾਊਂਸਮੈਂਟ ਸਾਰੇ ਸਕੂਲ ਮੁਖੀਆਂ ਦੁਆਰਾ ਕੀਤੀਆਂ ਜਾਣੀਆਂ ਚਾਹੀਦੀਆਂ ਹਨ।

2.5 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ, ਡਾਇਟ ਪ੍ਰਿੰਸੀਪਲ ਪੰਜਾਬ ਪ੍ਰਾਪਤੀ ਸਰਵੇਖਣ ਸਬੰਧੀ ਚੱਲ ਰਹੀ ਮੁਹਿੰਮ ਵਿੱਚ ਡਾਇਟਾਂ ਅਤੇ ਹੋਰ ਸਿੱਖਿਆ ਸੰਸਥਾਵਾਂ ਵਿੱਚ ਈ.ਟੀ.ਟੀ., ਬੀ.ਐੱਡ ਦਾ ਕੋਰਸ ਕਰਦੇ ਵਿਦਿਆਰਥੀਆਂ ਨੂੰ ਜ਼ਰੂਰ ਹਿੱਸੇਦਾਰ ਬਣਾਉਣ। ਪੰਜਾਬ ਪ੍ਰਾਪਤੀ ਸਰਵੇਖਣ ਸਬੰਧੀ ਮੁੱਢਲੀ ਜਾਣਕਾਰੀ ਉਹਨਾਂ ਨਾਲ ਸਾਂਝੀ ਕਰਨ ਤੋਂ ਬਾਅਦ ਉਹਨਾਂ ਨੂੰ ਆਪਣੇ ਪਿੰਡ, ਕਸਬੇ ਅਤੇ ਸ਼ਹਿਰ ਨਾਲ ਸਬੰਧਿਤ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਨੂੰ ਬਿਹਤਰ ਬਣਾਉਣ ਲਈ ਉਤਸਾਹਿਤ ਕੀਤਾ ਜਾਵੇ।

2.6 ਐੱਸ.ਐੱਮ.ਸੀ. ਕਮੇਟੀ ਮੈਂਬਰਾਂ ਅਤੇ ਜੀ.ਓ.ਜੀ. ਨਾਲ ਵੀ ਪੰਜਾਬ ਪ੍ਰਾਪਤੀ ਸਰਵੇ ਸਬੰਧੀ ਮੀਟਿੰਗਾਂ ਜਾਂ ਟ੍ਰੇਨਿੰਗ ਕਰਕੇ ਉਹਨਾਂ ਦਾ ਸਹਿਯੋਗ ਲਿਆ ਜਾਵੇ।

2.7 ਕਿਉਂ ਜੋ ਪੰਜਾਬ ਪ੍ਰਾਪਤੀ ਸਰਵੇਖਣ ਵਿੱਚ ਆਉਣ ਵਾਲੇ ਪ੍ਰਸ਼ਨਾਂ ਦਾ ਅਭਿਆਸ ਦਸਵੀਂ, ਗਿਆਰਵੀਂ ਅਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਲਈ ਭਵਿੱਖ ਵਿੱਚ ਹੋਣ ਵਾਲੇ ਵੱਖ-ਵੱਖ ਤਰ੍ਹਾਂ ਦੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਬਹੁਤ ਲਾਹੇਵੰਦ ਸਾਬਿਤ ਹੋਣ ਵਾਲਾ ਹੈ, ਇਸ ਲਈ ਇਹਨਾਂ ਜਮਾਤਾਂ ਦੇ ਵਿਦਿਆਰਥੀਆਂ ਨੂੰ ਇਸ ਸਬੰਧੀ ਜਾਣੂ ਕਰਵਾਉਂਦੇ ਹੋਏ, ਉਤਸ਼ਾਹਿਤ ਕੀਤਾ ਜਾਵੇ।

2.8 ਮਿਸ਼ਨ ਸ਼ਤਪ੍ਰਤੀਸ਼ਤ ਦੌਰਾਨ ਵਿਦਿਆਰਥੀਆਂ ਦੇ ਉਹਨਾਂ ਦੀ ਪ੍ਰਾਪਤੀ ਅਨੁਸਾਰ ਗਰੁੱਪ ਬਣਾਕੇ ਜੋ ਕੰਮ ਕੀਤਾ ਗਿਆ ਸੀ, ਉਸ ਦੇ ਬਹੁਤ ਚੰਗੇ ਨਤੀਜੇ ਸਾਹਮਣੇ ਆਏ ਸਨ। ਪੰਜਾਬ ਪ੍ਰਾਪਤੀ ਸਰਵੇਖਣ ਦੇ ਮੌਕ ਟੈਸਟਾਂ ਦੌਰਾਨ ਵੀ ਇਸ ਤਰ੍ਹਾਂ ਦੇ ਗਰੁੱਪ ਬਣਾਕੇ ਵਿਦਿਆਰਥੀਆਂ 'ਤੇ ਫੋਕਸ ਕੀਤਾ ਜਾਵੇ।

2.9 ਵਿਦਿਆਰਥੀਆਂ ਨੂੰ ਇੱਕ ਦੂਜੇ ਤੋਂ ਸਿੱਖਣ ਦੇ ਉਦੇਸ਼ ਨਾਲ ਜੇਕਰ ਵਿਦਿਆਰਥੀਆਂ ਦੇ ਪਹਿਲਾਂ Buddy ਗਰੁੱਪ ਨਹੀਂ ਬਣਾਏ ਗਏ ਤਾਂ ਉਹ ਵੀ ਬਣਾ ਲਏ ਜਾਣ।

2.10 ਇਹ ਧਿਆਨ ਵਿੱਚ ਆਇਆ ਹੈ ਕਿ ਪ੍ਰਾਇਮਰੀ ਅਧਿਆਪਕਾਂ ਦੀ ਸਮਰੱਥਾ ਉਸਾਰੀ (Capacity Building) ਦੌਰਾਨ ਬਹੁਤ ਸਾਰੇ ਕਲੱਸਟਰ ਹੈੱਡ ਟੀਚਰਜ਼ ਵੱਲੋਂ ਵਲੰਟੀਅਰ ਤੌਰ 'ਤੇ

ਬਤੌਰ ਰਿਸੋਰਸ ਪਰਸਨ ਭੂਮਿਕਾ ਨਿਭਾਈ ਗਈ ਹੈ, ਜਿਸਦੀ ਬਹੁਤ ਚੰਗੀ ਫੀਡਬੈੱਕ ਆਈ ਹੈ। ਅੱਪਰ ਪ੍ਰਾਇਮਰੀ ਪੱਧਰ 'ਤੇ ਵੀ ਇਹ ਉਮੀਦ ਕੀਤੀ ਜਾਂਦੀ ਹੈ ਕਿ ਹੈੱਡ ਮਾਸਟਰ, ਪ੍ਰਿੰਸੀਪਲ ਵਲੰਟੀਅਰ ਤੌਰ 'ਤੇ ਅੱਗੇ ਆਉਣ ਅਤੇ ਭਵਿੱਖ ਵਿੱਚ ਹੋਣ ਵਾਲੇ ਸਮਰੱਥਾ ਉਸਾਰੀ (Capacity Building) ਪ੍ਰੋਗਰਾਮਾਂ ਦੌਰਾਨ ਅਗਵਾਈ ਕਰਦਿਆਂ ਬਤੌਰ ਰਿਸੋਰਸ ਪਰਸਨ ਭੂਮਿਕਾ ਨਿਭਾਉਣ।

**2.11** ਜਿਨ੍ਹਾਂ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਦੁਆਰਾ ਸਰਕਾਰੀ ਸਹਾਇਤਾ ਪ੍ਰਾਪਤਸਕੂਲਾਂ ਦੇ ਮੁੱਖੀਆਂ ਅਤੇ ਅਧਿਆਪਕਾਂ ਨਾਲ ਅਜੇ ਤੱਕ ਪੰਜਾਬ ਪ੍ਰਾਪਤੀ ਸਰਵੇਖਣ ਸਬੰਧੀ ਮੀਟਿੰਗਾਂ ਨਹੀਂ ਕੀਤੀਆਂ ਗਈਆਂ ਉਹ ਇਹਨਾਂ ਮੀਟਿੰਗਾਂ ਨੂੰ ਜਲਦੀ ਤੋਂ ਜਲਦੀ ਕਰਨਾ ਯਕੀਨੀ ਬਣਾਉਣ, ਤਾਂ ਜੋ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਵਿਦਿਆਰਥੀ ਵੀ ਇਸ ਸਰਵੇਖਣ ਦੌਰਾਨ ਆਪਣੀ ਬਿਹਤਰ ਕਾਰਗੁਜ਼ਾਰੀ ਦਿਖਾ ਸਕਣ।

**3.0** ਅਧਿਆਪਕਾਂ, ਸਕੂਲ ਮੁੱਖੀਆਂ ਅਤੇ ਅਧਿਕਾਰੀਆਂ ਨਾਲ ਪੰਜਾਬ ਪ੍ਰਾਪਤੀ ਸਰਵੇਖਣ ਸਬੰਧੀ ਹੋਇਆ ਮੀਟਿੰਗਾਂ ਵਿੱਚ ਜੋ ਉਪਰੋਕਤ ਮਹੱਤਵਪੂਰਨ ਸੁਝਾਅ ਪ੍ਰਾਪਤ ਹੋਏ ਹਨ। ਸਮੂਹ ਜ਼ਿਲ੍ਹੇ ਇਹਨਾਂ ਅਨੁਸਾਰ ਆਪਣੀ ਯੋਜਨਾਬੰਦੀ/ਕਾਰਜ ਉਲੀਕ ਕੇ ਕੰਮ ਕਰਨਾ ਯਕੀਨੀ ਬਣਾਉਣ।

**ਸਕੱਤਰ ਸਕੂਲ ਸਿੱਖਿਆ, ਪੰਜਾਬ**

ਪਿੱਠ ਅੰਕਣ ਨੰ: SCERT/PPP/PRI/2020202496-2499 ਮਿਤੀ: 27.08.2020

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ.ਟੂ. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
2. ਪੀ.ਏ.ਟੂ. ਡੀ.ਪੀ.ਆਈ. (ਸੈ.ਸਿੱ), ਪੰਜਾਬ।
3. ਪੀ.ਏ.ਟੂ. ਡੀ.ਪੀ.ਆਈ. (ਐ.ਸਿੱ), ਪੰਜਾਬ।
4. ਪੀ.ਏ.ਟੂ. ਡਾਇਰੈਕਟਰ ਐੱਸ.ਸੀ.ਈ.ਆਰ.ਟੀ., ਪੰਜਾਬ।

**ਸਕੱਤਰ ਸਕੂਲ ਸਿੱਖਿਆ, ਪੰਜਾਬ**